# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਉੱਤਰਾਖੰਡ ਦੇ ਦੇਹਰਾਦੂਨ ਵਿੱਚ, 38ਵੀਆਂ ਰਾਸ਼ਟਰੀ ਖੇਡਾਂ ਦਾ ਉਦਘਾਟਨ ਕਰਨ ਲਈ ਉਥੇ ਪਹੁੰਚ ਗਏ ਨੇ।
- ਸੁਪਰੀਮ ਕੋਰਟ ਨੇ ਮੌਜੂਦਾ ਦਾਜ ਅਤੇ ਘਰੇਲੂ ਹਿੰਸਾ ਕਾਨੂੰਨਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਸਮੀਖਿਆ ਅਤੇ ਸੁਧਾਰ ਲਈ ਇੱਕ ਮਾਹਰ ਕਮੇਟੀ ਦੀ ਨਿਯੁਕਤੀ ਦੀ ਮੰਗ ਕਰਨ ਵਾਲੀ ਜਨਹਿਤ ਪਟੀਸ਼ਨ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਏ।
- ਪੰਜਾਬ ਪੁਲਿਸ ਨੇ ਅਮਰੀਕਾ ਅਧਾਰਤ ਨਸ਼ਾ ਤਸਕਰਾਂ ਵੱਲੋਂ ਚਲਾਏ ਜਾ ਰਹੇ, ਪਾਕਿਸਤਾਨ ਦੀ ISI ਦੀ ਹਮਾਇਤ ਪ੍ਰਾਪਤ ਨਾਰਕੋ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ।

- ਮਹਾਨ ਆਜ਼ਾਦੀ ਘੁਲਾਟੀਏ, ਲਾਲਾ ਲਾਜਪਤ ਰਾਏ ਜੀ ਦੀ 160ਵਾਂ ਜਨਮ ਵਰ੍ਹੇਗੰਢ, ਅੱਜ ਉਹਨਾਂ ਦੇ ਜਨਮ ਅਸਥਾਨ, ਪਿੰਡ ਢੁੱਡੀਕੇ ਵਿਖੇ ਪੂਰੇ ਸਤਿਕਾਰ ਨਾਲ ਮਨਾਈ ਗਈ ।
- ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਤੀਜਾ TWENTY-20 ਅੰਤਰਰਾਸ਼ਟਰੀ ਮੈਚ, ਅੱਜ ਗੁਜਰਾਤ ਦੇ ਰਾਜਕੋਟ 'ਚ ਖੇਡਿਆ ਜਾਵੇਗਾ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਉੱਤਰਾਖੰਡ ਦੇ ਦੇਹਰਾਦੂਨ ਵਿੱਚ, ਮਹਾਰਾਣਾ ਪ੍ਰਤਾਪ ਸਟੇਡੀਅਮ ਵਿਖੇ, 38ਵੀਆਂ ਰਾਸ਼ਟਰੀ ਖੇਡਾਂ ਦਾ ਉਦਘਾਟਨ ਕਰਨ ਲਈ ਓਥੇ ਪਹੁੰਚ ਗਏ ਨੇ. ਉਦਘਾਟਨ ਸਮਾਰੋਹ ਵਿੱਚ ਕੇਂਦਰੀ ਮੰਤਰੀ, ਭਾਰਤੀ ਓਲੰਪਿਕ ਸੰਘ ਅਤੇ ਰਾਸ਼ਟਰੀ ਖਿਡਾਰੀਆਂ ਸਮੇਤ ਵੱਖ-ਵੱਖ ਮਹਿਮਾਨ ਸ਼ਾਮਲ ਹੋਣਗੇ। ਇਸੇ ਲੜੀ ਤਹਿਤ, ਕੱਲ੍ਹ ਭਾਰਤੀ ਓਲੰਪਿਕ ਸੰਘ ਦੇ ਪ੍ਰਧਾਨ ਪੀ.ਟੀ.ਊਸ਼ਾ ਦਾ ਦੇਹਰਾਦੂਨ ਹਵਾਈ ਅੱਡੇ 'ਤੇ ਪਹੁੰਚਣ 'ਤੇ ਸੂਬੇ ਦੇ ਖੇਡ ਮੰਤਰੀ ਰੇਖਾ ਆਰੀਆ ਵਲੋਂ ਸਵਾਗਤ ਕੀਤਾ ਗਿਆ। ਸਾਡੇ ਪੱਤਰਕਾਰ ਨੇ ਦੱਸਿਆ ਏ

ਕਿ, ਅਗਲੇ ਮਹੀਨੇ ਦੀ 14 ਤਰੀਕ ਤੱਕ ਉਤਰਾਖੰਡ ਦੇ 8 ਜ਼ਿਲ੍ਹਿਆਂ ਦੇ 11 ਸ਼ਹਿਰਾਂ ਵਿੱਚ ਰਾਸ਼ਟਰੀ ਖੇਡਾਂ ਕਰਵਾਈਆਂ ਜਾ ਰਹੀਆਂ ਨੇ। ਇਸ ਦੌਰਾਨ, 35 ਖੇਡਾਂ ਦੇ ਕੁੱਲ 47 ਮੁਕਾਬਲੇ ਹੋਣਗੇ।

-----------------------------------------------------------

ਸੁਪਰੀਮ ਕੋਰਟ ਨੇ ਉਸ ਜਨਹਿਤ ਪਟੀਸ਼ਨ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਏ ਜਿਸ ਵਿੱਚ ਮੌਜੂਦਾ ਦਾਜ ਅਤੇ ਘਰੇਲੂ ਹਿੰਸਾ ਦੇ ਮੌਜੂਦਾ ਕਾਨੂੰਨਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਸਮੀਖਿਆ ਅਤੇ ਸੁਧਾਰ ਲਈ ਇੱਕ ਮਾਹਰ ਕਮੇਟੀ ਦੀ ਨਿਯੁਕਤੀ ਦੀ ਮੰਗ ਕੀਤੀ ਗਈ ਸੀ। ਜਸਟਿਸ BV Nagarathna ਅਤੇ ਸਤੀਸ਼ ਚੰਦਰ ਸ਼ਰਮਾ ਦੇ ਇੱਕ ਬੈਂਚ ਨੇ ਕੱਲ੍ਹ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਕਿਹਾ ਕਿ ਸਮਾਜ ਨੂੰ ਬਦਲਣਾ ਚਾਹੀਦਾ ਏ ਅਤੇ ਇਹ ਕੁਝ ਨਹੀਂ ਕਰ ਸਕਦਾ। ਇਹ ਪਟੀਸ਼ਨ ਘਰੇਲੂ ਹਿੰਸਾ ਕਾਨੂੰਨਾਂ ਵਿੱਚ ਸੁਧਾਰਾਂ ਅਤੇ ਬੈਂਗਲੁਰੂ ਅਧਾਰਤ ਇੱਕ ਤਕਨੀਕੀ ਪੇਸ਼ੇਵਰ ਦੀ, ਹਾਲ ਹੀ ਵਿੱਚ ਖੁਦਕੁਸ਼ੀ ਦੇ ਮੱਦੇਨਜ਼ਰ ਇਨ੍ਹਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਦਾਇਰ ਕੀਤੀ ਗਈ ਸੀ। ਪਟੀਸ਼ਨ ਵਿੱਚ ਅਜਿਹੇ ਕਾਨੂੰਨਾਂ ਦੀ ਦੁਰਵਰਤੋਂ ਨੂੰ

ਰੋਕਣ ਲਈ ਦਿਸ਼ਾ ਨਿਰਦੇਸ਼ਾਂ ਦੀ ਮੰਗ ਕੀਤੀ ਗਈ ਸੀ। ਪਟੀਸ਼ਨ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਸਰਕਾਰ ਨੂੰ, ਵਿਆਹ ਦੌਰਾਨ ਦਿੱਤੀਆਂ ਗਈਆਂ ਵਸਤਾਂ,ਤੋਹਫ਼ਿਆਂ ਅਤੇ ਪੈਸਿਆਂ ਦੀ ਸੂਚੀ ਜਮਾ ਕਰਾਉਣ ਬਾਰੇ ਸਰਕਾਰ ਨੂੰ ਨਿਰਦੇਸ਼ ਦਿੱਤਾ ਜਾਵੇ ਅਤੇ ਹਲਫ਼ਨਾਮੇ ਦੇ ਨਾਲ ਇਸਨੂੰ ਵਿਆਹ ਰਜਿਸਟ੍ਰੇਸ਼ਨ ਸਰਟੀਫਿਕੇਟ ਨਾਲ ਨੱਥੀ ਕੀਤਾ ਜਾਵੇ।

--------------------------------------------------------------------

ਪੰਜਾਬ ਪੁਲਿਸ ਨੇ ਅਮਰੀਕਾ ਅਧਾਰਤ ਬਦਨਾਮ ਨਸ਼ਾ ਤਸਕਰਾਂ ਵੱਲੋਂ ਚਲਾਏ ਜਾ ਰਹੇ, ਪਾਕਿਸਤਾਨ  ਦੀ ISI ਦੀ ਹਮਾਇਤ ਪ੍ਰਾਪਤ ਨਾਰਕੋ ਦਹਿਸ਼ਤਗਰਦੀ ਮਾਡਿਊਲ ਦੇ ਦੋ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਇਹ ਦੋਵੇਂ ਇਸ ਸਾਲ 9 ਜਨਵਰੀ ਨੂੰ ਅੰਮ੍ਰਿਤਸਰ ਦੀ ਗੁਮਟਾਲਾ ਪੁਲਿਸ ਚੌਕੀ 'ਤੇ ਹਥਗੋਲੇ ਨਾਲ ਕੀਤੇ ਗਏ ਹਮਲੇ ਵਿੱਚ ਸ਼ਾਮਲ ਸਨ ।  ਇਸ ਘਟਨਾ ਉਪਰੰਤ ਇਕ ਦਹਿਸ਼ਤਗਰਦ ਜਥੇਬੰਦੀ ਨੇ ਇਸ ਵਾਰਦਾਤ ਦੀ ਸੋਸ਼ਲ ਮੀਡੀਆ ਪਲੇਟਫਾਰਮ ਜ਼ਰੀਏ ਜ਼ਿੰਮੇਵਾਰੀ ਲਈ ਸੀ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ –

**Byte - DGP -**

--------------------------------------------------

ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲੇ ਦੇ ਹੁਨਰਮੰਦ ਵਿਅਕਤੀ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਮੌਕਾ ਦੇਣ ਵਾਸਤੇ ਫਿਊਚਰ ਟਾਈਕੂਨ ਨਾਂ ਦਾ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਏ । ਜਿਸ ਤਹਿਤ ਤੁਹਾਡੇ ਵੱਲੋਂ ਦਿੱਤੇ ਗਏ ਕਾਰੋਬਾਰੀ ਆਈਡੀਆ ਨੂੰ ਹਕ਼ੀਕ਼ਤ ਦਾ ਰੂਪ ਦੇਣ ਲਈ ਰਕਮਾਂ, ਕਾਪੀਰਾਈਟ, ਇਸ ਨੂੰ ਉਤਸ਼ਾਹਿਤ ਕਰਨਾ , ਤਜਰਬਾ, ਮਾਹਰਾਂ ਦੀ ਰਾਇ, ਆਦਿ ਜਿਹੀ ਹਰੇਕ ਲੋੜੀਂਦੀ ਸਹਾਇਤਾ ਦੇਣ ਦਾ ਪ੍ਰਬੰਧ, ਜ਼ਿਲਾ ਪ੍ਰਸ਼ਾਸਨ ਕਰੇਗਾ। ਅੱਜ ਇਸ ਦੀ ਸ਼ੁਰੂਆਤ ਕਰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਓਹਨਾ ਦੀ ਕੋਸ਼ਿਸ਼ ਏ ਕਿ ਜ਼ਿਲ੍ਹੇ ਦੇ ਚਾਹਵਾਨ ਉਦਮੀਆਂ ਨੂੰ ਆਪਣਾ ਹੁਨਰ ਦਿਖਾਉਣ ਦਾ ਮੌਕਾ ਦਿੱਤਾ ਜਾਵੇ ਅਤੇ ਉਨ੍ਹਾਂ ਦੇ ਕਾਰੋਬਾਰ ਨੂੰ ਸਫ਼ਲ ਬਨਾਉਣ ਲਈ ਮਾਲੀ ਸਹਾਇਤਾ ਦਿਵਾਉਣ ਵਿੱਚ ਵੀ ਪੂਰੀ ਮੱਦਦ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਵਿਦਿਆਰਥੀਆਂ, ਨੌਜਵਾਨਾਂ, ਮਹਿਲਾਵਾਂ, ਦਿਵਿਆਂਗਜਨਾਂ, ਛੋਟੇ-ਵੱਡੇ ਕਾਰੋਬਾਰੀਆਂ, ਆਮ

ਲੋਕਾਂ 'ਜਾਂ ਸੈਰ ਸਪਾਟਾ ਸਨਅਤ ਨਾਲ ਜੁੜੇ ਲੋਕਾਂ’ਚੋਂ ਕਿਸੇ ਦੇ ਵੀ ਆਪਣੇ ਸੋਚੇ ਹੋਏ ਪ੍ਰਾਜੈਕਟ ਨੂੰ ਪੂਰਾ ਕਰਨ ਲਈ ਇੱਕ ਢੁੱਕਵਾਂ ਮੰਚ ਪ੍ਰਦਾਨ ਕਰਨ ਦਾ ਯਤਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਲਈ IIM, ਅੰਮ੍ਰਿਤਸਰ, ਗੁਰੂ ਨਾਨਕ ਦੇਵ ਯੂਨੀਵਰਸਿਟੀ , ਪੰਜਾਬ ਟੈਕਨੀਕਲ ਯੂਨੀਵਰਸਿਟੀ , PHD ਚੈਂਬਰ ਤੋਂ ਇਲਾਵਾ ਅੰਮ੍ਰਿਤਸਰ ਦੇ ਕਾਰੋਬਾਰੀ ਲੋਕਾਂ ਵੱਲੋਂ ਹਰੇਕ ਤਰ੍ਹਾਂ ਦੀ ਸਹਾਇਤਾ ਮਿਲੇਗੀ। ਉਹਨਾਂ ਦੱਸਿਆ ਕਿ ਇਸ ਲਈ ਚਾਹਵਾਨ ਲੋਕਾਂ ਕੋਲੋਂ ਕਾਰੋਬਾਰ ਲਈ ਆਈਡੀਆ ਮੰਗੇ ਨੇ ਅਤੇ ਉਹਨਾਂ ਵਿੱਚੋਂ ਪਹਿਲੇ ਸਥਾਨ’ਤੇ ਰਹੀ ਤਜਵੀਜ਼ ਨੂੰ 50, ਦੂਜੀ ਨੂੰ 20 ਅਤੇ ਤੀਜੀ ਨੂੰ 10 ਹਜ਼ਾਰ ਰੁਪਏ ਦਾ ਨਗਦ ਇਨਾਮ ਵੀ ਦਿੱਤਾ ਜਾਵੇਗਾ ।

**byte**

ਇਸ ਮੌਕੇ ਹਲਕਾ ਵਿਧਾਇਕ ਡਾਕਟਰ ਜਸਬੀਰ ਸਿੰਘ ਸੰਧੂ ਨੇ ਸੰਬੋਧਨ ਕਰਦੇ ਡਿਪਟੀ ਕਮਿਸ਼ਨਰ ਵੱਲੋਂ ਸ਼ੁਰੂ ਕੀਤੀ ਗਈ ਇਸ ਨਿਵੇਕਲੀ ਮੁਹਿੰਮ ਦੀ ਸ਼ਲਾਘਾ ਕੀਤੀ ਅਤੇ ਪੰਜਾਬ ਸਰਕਾਰ ਵੱਲੋਂ ਭਰੋਸਾ ਦਿੱਤਾ ਕਿ ਉਹਨਾਂ ਦੀ ਹਰੇਕ ਤਰ੍ਹਾਂ ਨਾਲ ਇਸ ਪ੍ਰੋਜੈਕਟ ਵਿੱਚ ਸਹਾਇਤਾ ਕੀਤੀ

ਜਾਵੇਗੀ ਤਾਂ ਜੋ ਸਾਡੇ ਜਿਲੇ ਤੇ ਬੱਚਿਆਂ ਜਵਾਨਾਂ ਅਤੇ ਔਰਤਾਂ ਨੂੰ ਉਦਮੀ ਬਣਨ ਦਾ ਮੌਕਾ ਮਿਲ ਸਕੇ।

---------------------------------------------------------------

ਪੰਜਾਬ ਕੇਸਰੀ ਦੇ ਨਾਂ ਨਾਲ ਜਾਣੇ ਜਾਂਦੇ, ਮਹਾਨ ਆਜ਼ਾਦੀ ਘੁਲਾਟੀਏ, ਲਾਲਾ ਲਾਜਪਤ ਰਾਏ ਜੀ ਦੀ 160 ਵੀਂ ਜਨਮ ਵਰ੍ਹੇਗੰਢ, ਅੱਜ ਉਹਨਾਂ ਦੇ ਜਨਮ ਅਸਥਾਨ, ਪਿੰਡ ਢੁੱਡੀਕੇ ਵਿਖੇ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਵਧੀਕ ਡਿਪਟੀ ਕਮਿਸ਼ਨਰ, ਸ਼੍ਰੀਮਤੀ ਚਾਰੂਮਿਤਾ ਨੇ ਸ਼ਿਰਕਤ ਕੀਤੀ। ਇਸ ਮੌਕੇ ਲਾਲਾ ਲਾਜਪਤ ਰਾਏ ਜੀ ਦੇ ਜਨਮ ਅਸਥਾਨ ਯਾਦਗਾਰ ਕਮੇਟੀ ਦੇ ਸਕੱਤਰ, ਰਾਜ ਜੰਗ ਸਿੰਘ, ਵਾਈਸ ਚੇਅਰਮੈਨ ਰਣਜੀਤ ਸਿੰਘ ਧੰਨਾ ਅਤੇ ਹੋਰ ਲੋਕ ਵੀ ਹਾਜ਼ਰ ਸਨ। ਸ਼੍ਰੀਮਤੀ ਚਾਰੂਮਿਤਾ ਨੇ ਇਸ ਮੌਕੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਅਜ਼ਾਦੀ ਦਾ ਸੰਘਰਸ਼ ਵਿੱਢਣ ਵਿੱਚ, ਪੰਜਾਬ ਕੇਸਰੀ, ਲਾਲਾ ਲਾਜਪਤ ਰਾਏ ਜੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਹਰੇਕ ਭਾਰਤ ਵਾਸੀ ਨੂੰ ਲਾਲਾ ਲਾਜਪਤ ਰਾਏ ਅਤੇ ਸਮੁੱਚੇ ਆਜ਼ਾਦੀ ਘੁਲਾਟੀਆਂ ਦੀਆਂ ਸ਼ਹਾਦਤਾਂ ਅਤੇ ਘਾਲਣਾਵਾਂ ਉੱਤੇ ਮਾਣ ਏ. ਲਾਲਾ

ਲਾਜਪਤ ਰਾਏ ਦੀ ਜਨਮ ਵਰ੍ਹੇਗੰਢ ‘ਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਵੀ ਓਹਨਾਂ ਨੂੰ ਯਾਦ ਕਰਕੇ ਸ਼ਰਧਾਂਜਲੀ ਭੇਂਟ ਕੀਤੀ।

---------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਲਈ ASHIRVAAD ਸਕੀਮ ਤਹਿਤ ਚਾਲੂ ਵਰ੍ਹੇ ਦੌਰਾਨ 12.66 ਕਰੋੜ ਰੁਪਏ ਦੀ ਰਕਮ  ਜਾਰੀ ਕੀਤੀ ਗਈ ਏ। ਓਹਨਾ ਦੱਸਿਆ ਕਿ ASHIRVAAD ਸਕੀਮ ਤਹਿਤ ਜਿਲ੍ਹਾ ਬਰਨਾਲਾ, ਫਰੀਦਕੋਟ, ਫਿਰੋਜਪੁਰ, ਫਤਿਹਗੜ੍ਹ ਸਾਹਿਬ, ਫਾਜਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਮਾਨਸਾ,  ਪਟਿਆਲਾ, ਰੂਪਨਗਰ, ਐਸ.ਏ.ਐਸ ਨਗਰ, ਸੰਗਰੂਰ, ਮਾਲੇਰਕੋਟਲਾ ਅਤੇ ਤਰਨਤਾਰਨ ਦੇ ਸਾਲ 2023-24 ਅਤੇ ਸਾਲ 2024-25 ਦੇ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ ਲਾਭਪਾਤਰੀਆਂ ਦੀਆਂ ਬਕਾਇਆ ਪਈਆਂ ਦਰਖਾਸਤਾਂ, ਜੋ ਕਿ ਸਾਲ 2024-25 ਦੌਰਾਨ ਅਸ਼ੀਰਵਾਦ ਪੋਰਟਲ ਤੇ

ਪ੍ਰਾਪਤ ਹੋਈਆਂ, ਦੇ ਲਾਭਪਾਤਰੀਆਂ ਨੂੰ 12.66 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਏ। ਇਸ ਰਕਮ ਦੇ ਰਲੀਜ਼ ਹੋਣ ਨਾਲ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ 2 ਹਜ਼ਾਰ 483 ਲਾਭਪਾਤਰੀਆਂ ਨੂੰ ਲਾਭ ਮਿਲੇਗਾ।

---------------------------------------------------------------

ਜਲੰਧਰ NCC ਗਰੁੱਪ ਦੇ 210 ਸੀਨੀਅਰ ਡਿਵੀਜ਼ਨ ਕੈਡੇਟਸ ਸਿੱਖ - ਲਾਈਟ ਇਨਫੈਂਟਰੀ ਬਟਾਲਿਅਨ ਦੇ ਨਾਲ 12 ਦਿਨਾਂ ਦਾ ਫੌਜੀ ਕੈਂਪ ਜਲੰਧਰ ਕੈਂਟ ਵਿੱਚ ਕਰ ਰਹੇ ਨੇ. ਅਜ ਕੈਡੇਟਸ ਨੇ AVIATION ਸਕੁਆਡਰਨ ਵਿੱਚ ਹੈਲੀਕਾਪਟਰ ਚੇਤਕ, ਚੀਤਾ ਅਤੇ DHRUV ਬਾਰੇ ਵਿਸਤਾਰਪ-ਪੂਰਨ ਜਾਣਕਾਰੀ ਹਾਸਲ ਕੀਤੀ। ਹੈਲੀਕਾਪਟਰ ਦੇ ਪਾਇਲਟਾਂ ਨੇ ਕੈਡੇਟਸ ਨੂੰ ਹੈਲੀਕਾਪਟਰ ਦੀ ਕਾਰਗੁਜ਼ਾਰੀ, ਉਡਾਣ ਅਤੇ ਗਤੀ ਬਾਰੇ ਵੇਰਵੇ ਨਾਲ ਜਾਣਕਾਰੀ ਦਿੱਤੀ। ਬ੍ਰਿਗੇਡ ਕਮਾਂਡਰ, ਬ੍ਰਿਗੇਡੀਅਰ ਐਚ. ਬੀ. ਸਿੰਘ, ਨੇ ਕੈਡੇਟਸ ਨਾਲ ਫੌਜੀ ਟ੍ਰੇਨਿੰਗ ਅਤੇ ਫੌਜ ਦੇ ਵੱਖ-ਵੱਖ ਵਿਭਾਗਾਂ ਅਤੇ ਜੰਗ ਵਿੱਚ ਉਨ੍ਹਾਂ ਦੀ ਭੂਮਿਕਾ ਬਾਰੇ ਚਰਚਾ ਕੀਤੀ। ਇੰਜੀਨੀਅਰ ਰੈਜੀਮੈਂਟ ਨੇ ਨਿਊਕਲੀਅਰ,

ਬਾਇਲੋਜੀਕਲ ਅਤੇ ਕੈਮਿਕਲ ਵਾਰਫੇਅਰ ਯੂਨੀਫਾਰਮ ਦੀ ਭੂਮਿਕਾ ਬਾਰੇ ਦੱਸਿਆ। ਗਰੁੱਪ ਕਮਾਂਡਰ, NCC , ਜਲੰਧਰ, ਬ੍ਰਿਗੇਡੀਅਰ ਅਜੈ ਤਿਵਾਰੀ ਅਤੇ 2 ਪੰਜਾਬ ਐਨਸੀਸੀ ਬਟਾਲਿਅਨ ਦੇ ਕਮਾਂਡ ਅਫਸਰ ਕਰਨਲ ਵਿਨੋਦ ਜੋਸ਼ੀ ਨੇ ਦੱਸਿਆ ਕਿ ਕੈਡੇਟਸ ਨੂੰ 12 ਦਿਨਾਂ ਵਿੱਚ ਫੌਜੀ ਜੀਵਨ ਦਾ ਅਨੁਭਵ ਦਿੰਦੇ ਹੋਏ ਤਿਆਰ ਕੀਤਾ ਜਾ ਰਿਹਾ ਏ। ਓਹਨਾ ਦੱਸਿਆ ਕਿ ਇਹ ਕੈਡੇਟਸ ਦਾ ਤੀਜਾ ਫੌਜੀ ਕੈਂਪ ਹੈ, ਜਿੱਥੇ ਇਹਨਾਂ NCC ਕੈਡਿਟਾਂ ਨੂੰ ਭਾਰਤੀ ਮਿਲਿਟ੍ਰੀ ਸੇਵਾਵਾਂ ਵਿਚ ਭਰਤੀ ਹੋਣ ਬਾਰੇ ਬਹੁਤ ਕੁਝ ਸਿੱਖਣ ਨੂੰ ਮਿਲ ਰਿਹਾ ਏ।

---------------------------------------------------------------

ਮੌਸਮ ਵਿਭਾਗ ਨੇ ਅਗਲੇ 48 ਘੰਟਿਆਂ'ਚ ਪੰਜਾਬ ਦੇ ਮੌਸਮ'ਚ ਕੋਈ ਵੱਡੀ ਤਬਦੀਲੀ ਨਾ ਹੋਣ ਦੀ ਸੰਭਾਵਨਾ ਜਤਾਈ ਏ.ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ –

**BYTE –**

---

ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਤੀਜਾ TWENTY-20 ਅੰਤਰਰਾਸ਼ਟਰੀ ਮੈਚ, ਅੱਜ ਗੁਜਰਾਤ ਦੇ ਰਾਜਕੋਟ ਵਿੱਚ, Niranjan Shah Stadium 'ਚ ਖੇਡਿਆ ਜਾਵੇਗਾ। ਮੈਚ ਸ਼ਾਮੀ 7 ਵਜੇ ਸ਼ੁਰੂ ਹੋਵੇਗਾ। ਸੂਰਿਆਕੁਮਾਰ ਯਾਦਵ ਦੀ ਅਗਵਾਈ ਵਾਲੀ ਭਾਰਤੀ ਟੀਮ ਪੰਜ ਮੈਚਾਂ ਦੀ ਲੜੀ ਵਿੱਚ 2-0 ਨਾਲ ਅੱਗੇ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਉੱਤਰਾਖੰਡ ਦੇ ਦੇਹਰਾਦੂਨ ਵਿੱਚ, 38ਵੀਆਂ ਰਾਸ਼ਟਰੀ ਖੇਡਾਂ ਦਾ ਉਦਘਾਟਨ ਕਰਨ ਲਈ ਉਥੇ ਪਹੁੰਚ ਗਏ ਨੇ ।
- ਸੁਪਰੀਮ ਕੋਰਟ ਨੇ ਮੌਜੂਦਾ ਦਾਜ ਅਤੇ ਘਰੇਲੂ ਹਿੰਸਾ ਕਾਨੂੰਨਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਸਮੀਖਿਆ ਅਤੇ ਸੁਧਾਰ ਲਈ ਇੱਕ ਮਾਹਰ ਕਮੇਟੀ ਦੀ ਨਿਯੁਕਤੀ ਦੀ ਮੰਗ ਕਰਨ ਵਾਲੀ ਜਨਹਿਤ ਪਟੀਸ਼ਨ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਏ ।

- ਪੰਜਾਬ ਪੁਲਿਸ ਨੇ ਅਮਰੀਕਾ ਅਧਾਰਤ ਨਸ਼ਾ ਤਸਕਰਾਂ ਵੱਲੋਂ ਚਲਾਏ ਜਾ ਰਹੇ, ਪਾਕਿਸਤਾਨ ਦੀ ISI ਦੀ ਹਮਾਇਤ ਪ੍ਰਾਪਤ ਨਾਰਕੋ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ ।
- ਮਹਾਨ ਆਜ਼ਾਦੀ ਘੁਲਾਟੀਏ, ਲਾਲਾ ਲਾਜਪਤ ਰਾਏ ਜੀ ਦੀ 160ਵਾਂ ਜਨਮ ਵਰ੍ਹੇਗੰਢ, ਅੱਜ ਉਹਨਾਂ ਦੇ ਜਨਮ ਅਸਥਾਨ, ਪਿੰਡ ਢੁੱਡੀਕੇ ਵਿਖੇ ਪੂਰੇ ਸਤਿਕਾਰ ਨਾਲ ਮਨਾਈ ਗਈ ।
- ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਤੀਜਾ TWENTY-20 ਅੰਤਰਰਾਸ਼ਟਰੀ ਮੈਚ, ਅੱਜ ਗੁਜਰਾਤ ਦੇ ਰਾਜਕੋਟ 'ਚ ਖੇਡਿਆ ਜਾਵੇਗਾ।